**ਪੰਜਾਬ ਸਕੂਲ ਸਿੱਖਿਆ ਬੋਰਡ**
**ਪ੍ਰੈਸ ਨੋਟ**

ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਅੱਠਵੀ ਸ਼੍ਰੇਣੀ ਦੀਆਂ ਸਾਲਾਨਾ ਪਰੀਖਿਆਵਾਂ ਫਰਵਰੀ 2026 ਦਾ ਨਤੀਜ਼ਾ ਮਿਤੀ 10-04-2026 ਨੂੰ ਘੋਸ਼ਿਤ ਹੋ ਚੁੱਕਾ ਹੈ। ਜੇਕਰ ਇਸ ਪ੍ਰੀਖਿਆ ਨਾਲ ਸਬੰਧਤ ਪ੍ਰੀਖਿਆਰਥੀ ਉੱਤਰ ਪੱਤਰੀਆਂ ਦੀ ਰੀ-ਚੈਕਿੰਗ ਕਰਵਾਉਣਾ ਚਾਹੁੰਦੇ ਹਨ ਤਾਂ ਆਨ ਲਾਈਨ ਫਾਰਮ ਅਤੇ ਫੀਸ ਭਰਨ ਲਈ ਮਿਤੀ 01-05-2026 ਤੱਕ ਦਾ ਸਮਾਂ ਦਿੱਤਾ ਜਾਂਦਾ ਹੈ। ਪ੍ਰੀਖਿਆਰਥੀ ਆਨ-ਲਾਈਨ ਫਾਰਮ ਅਤੇ ਫੀਸ ਭਰਨ ਉਪਰੰਤ ਇਸ ਦਾ ਪ੍ਰਿੰਟ ਆਪਣੇ ਕੋਲ ਰਿਕਾਰਡ ਹਿੱਤ ਰੱਖਣਗੇ । ਇਸ ਫਾਰਮ ਦੀ ਹਾਰਡ ਕਾਪੀ ਦਫਤਰ ਵਿਖੇ ਜਮ੍ਹਾ ਕਰਵਾਉਣ ਦੀ ਜਰੂਰਤ ਨਹੀਂ ਹੈ।ਹੋਰ ਵਧੇਰੇ ਜਾਣਕਾਰੀ ਬੋਰਡ ਦੀ ਵੈਬਸਾਈਟ www.pseb.ac.in ਤੇ ਉਪਲੱਬਧ ਹੈ ।

(ਡਾ.ਗੁਰਮੀਤ ਕੌਰ)
ਉਪ ਸਕੱਤਰ (ਸੀਨੀ.ਸੈਕੰ/ਕੰਡਕਟ)

Scanned with OKEN Scanner

**ਪੰਜਾਬ ਸਕੂਲ ਸਿੱਖਿਆ ਬੋਰਡ**
**(ਰੀ-ਚੈਕਿੰਗ ਸਬੰਧੀ ਵਿਨਿਯਮ ਅਤੇ ਹਦਾਇਤਾਂ)**

1. ਬੋਰਡ ਵੱਲੋਂ ਨਤੀਜਾ ਐਲਾਨੇ ਜਾਣ ਤੋਂ ਬਾਅਦ ਰੀ-ਚੈਕਿੰਗ ਦੇ ਸ਼ਡਿਊਲ ਅਨੁਸਾਰ ਫਾਰਮ ਅਤੇ ਫੀਸ ਆਨ-ਲਾਈਨ ਹੀ ਜਮ੍ਹਾਂ ਕਰਵਾਈ ਜਾਵੇ। ਇਸ ਉਪਰੰਤ ਰੀਚੈਕਿੰਗ ਫਾਰਮ ਅਤੇ ਫੀਸ ਦਾ ਪ੍ਰਿੰਟ ਪ੍ਰੀਖਿਆਰਥੀ ਆਪਣੇ ਕੋਲ ਰੱਖੇਗਾ। ਦਫਤਰ ਵਿਖੇ ਜਮ੍ਹਾ ਕਰਵਾਉਣ ਦੀ ਜਰੂਰਤ ਨਹੀਂ ਹੈ।
2. ਨਿਰਧਾਰਿਤ ਕੀਤੀ ਰੀ-ਚੈਕਿੰਗ ਦੀ ਫੀਸ ਤੋਂ ਬਿਨ੍ਹਾ ਅਧੂਰੇ ਫਾਰਮਾਂ ਤੇ ਕੋਈ ਕਾਰਵਾਈ ਨਹੀ ਕੀਤੀ ਜਾਵੇਗੀ। ਭਾਵ ਅਜਿਹੇ ਫਾਰਮ ਬਿਨ੍ਹਾਂ ਕਿਸੇ ਅਗੇਤੀ ਸੂਚਨਾ ਤੋਂ ਰੱਦ ਕੀਤੇ ਜਾਣਗੇ। ਰੀ-ਚੈਕਿੰਗ ਦੀ ਜਮ੍ਹਾ ਕਰਵਾਈ ਫੀਸ ਕਿਸੇ ਸੂਰਤ ਵਿੱਚ ਵਾਪਿਸ/ਐਡਜਸ਼ਟ ਨਹੀਂ ਹੋਵੇਗੀ।

| | |
|---|---|
| ਰੀ-ਚੈਕਿੰਗ ਦੀ ਫੀਸ | 500/-ਰੁਪਏ ਪ੍ਰਤੀ ਉੱਤਰ ਪੱਤਰੀ |

3. ਰੀ-ਚੈਕਿੰਗ ਦੇ ਨਤੀਜੇ ਦੀ ਜਾਣਕਾਰੀ ਆਨਲਾਈਨ ਬੋਰਡ ਦੀ ਵੈਬਸਾਈਟ ਤੇ ਦਿੱਤੀ ਜਾਵੇਗੀ। ਜੇਕਰ ਨਤੀਜੇ ਵਿੱਚ ਕੋਈ ਸੋਧ ਹੁੰਦੀ ਹੈ ਤਾਂ ਇਸ ਸਬੰਧੀ ਅਗਲੇਰੀ ਕਾਰਵਾਈ ਬੋਰਡ ਦੀ ਪ੍ਰੀਖਿਆ ਸ਼ਾਖਾ ਵੱਲੋਂ ਕਰਵਾਈ ਜਾਵੇਗੀ ਅਤੇ ਪਰੀਖਿਆਰਥੀ ਨੂੰ ਸਬੰਧਤ ਪ੍ਰੀਖਿਆ ਸ਼ਾਖਾ ਨਾਲ ਸੰਪਰਕ ਕਰਦੇ ਹੋਏ ਆਪਣਾ ਪੁਰਾਣਾ ਨਤੀਜਾ ਕਾਰਡ/ਸਰਟੀਫਿਕੇਟ ਜਮ੍ਹਾ ਕਰਵਾਕੇ ਨਵਾਂ ਸਰਟੀਫਿਕੇਟ ਪ੍ਰਾਪਤ ਕਰਨਾ ਪਵੇਗਾ। ਇਸ ਲਈ ਅਸਲ ਨਤੀਜੇ ਕਾਰਡ/ਸਰਟੀਫਿਕੇਟ ਦੀ ਜਦੋਂ ਮੰਗ ਕੀਤੀ ਜਾਵੇ ਤਾਂ ਹੀ ਭੇਜਿਆ ਜਾਵੇ।
4. ਰੀ-ਚੈਕਿੰਗ ਦਾ ਫਾਰਮ ਭਰਨ ਦੀ ਮਿਤੀ 17-04-2026 ਤੋਂ 01-05-2026 ਤੱਕ।
5. ਰੀ-ਚੈਕਿੰਗ ਦੀ ਪ੍ਰਕ੍ਰਿਆ ਪੂਰੀ ਹੋਣ ਉਪਰੰਤ ਅੰਤਿਮ /ਬਣਦਾ ਨਤੀਜਾ ਬੋਰਡ ਦੀ ਵੈਬ-ਸਾਈਟ (www.pseb.ac.in) ਤੇ ਦੇਖਿਆ ਜਾ ਸਕਦਾ ਹੈ।

16/4/26

ਸਹਾਇਕ ਸਕੱਤਰ (ਕੰਡਕਟ)

Scanned with CamScanner

Scanned with OKEN Scanner